ਜੀ. ਐਸ. ਟੀ. ਆਜ਼ਾਦੀ ਤੋਂ ਬਾਅਦ ਭਾਰਤ ਵਿੱਚ ਹੋਣ ਵਾਲਾ ਸਭ ਤੋਂ ਵੱਡਾ ਬਦਲਾਅ : ਸ੍ਰੀਮਤੀ ਰਵਨੀਤ ਕੌਰ ਆਈ. ਏ. ਐਸ.

ਜੀ. ਐਸ. ਟੀ. ਦੇ ਅਮਲ ਵਿਚ ਆਉਣ ਨਾਲ ਦੇਸ਼ ਦੀ ਆਰਥਿਕਤਾ ਨੂੰ ਮਿਲੇਗੀ ਹੋਰ ਮਜ਼ਬੂਤੀ

ਜੀ. ਐਸ. ਟੀ. ਲਾਗੂ ਹੋਣ ਦੀ ਪ੍ਰਿਆ ਦਾ ਜਾਇਜਾ ਲੈਣ ਅਤੇ ਵਪਾਰੀਆਂ ਤੇ ਉਦਯੋਗਪਤੀਆਂ ਨਾਲ ਵਿਚਾਰ-ਵਟਾਂਦਰਾ ਕਰਨ ਲਈ ਕੀਤੀ ਵਿਸ਼ੇਸ ਮੀਟਿੰਗ

ਘ ਜੀ. ਐਸ. ਟੀ. ਸਬੰਧੀ ਆ ਰਹੀਆਂ ਸਮੱਸਿਆ ਸਬੰਧੀ ਕਰ ਤੇ ਆਬਕਾਰੀ ਵਿਭਾਗ ਨਾਲ ਸੰਪਰਕ ਕਰਨ ਵਪਾਰੀ : ਡਿਪਟੀ ਕਮਿਸ਼ਨਰ

ਤਰਨਤਾਰਨ, 6 ਅਕਤੂਬਰ :

ਵਸਤਾਂ ਤੇ ਸੇਵਾਵਾਂ ਟੈਕਸ (ਜੀ. ਐਸ. ਟੀ.) ਸਬੰਧੀ ਜ਼ਿਲ੍ਹਾ ਤਰਨਤਾਰਨ, ਪਠਾਨਕੋਟ, ਗੁਰਦਾਸਪੁਰ ਦੇ ਵਪਾਰੀਆਂ ਤੇ ਉਦਯੋਗਪਤੀਆਂ ਨਾਲ ਵਿਚਾਰ-ਵਟਾਂਦਰਾ ਕਰਨ ਅਤੇ ਜੀ. ਐਸ. ਟੀ. ਲਾਗੂ ਹੋਣ ਦੀ ਪ੍ਰਿਆ ਦਾ ਜਾਇਜਾ ਲੈਣ ਲਈ ਕੇਂਦਰ ਸਰਕਾਰ ਵੱਲੋਂ ਸ੍ਰੀਮਤੀ ਰਵਨੀਤ ਕੌਰ ( ਆਈ. ਏ. ਐਸ. ) ਚੇਅਰਪਰਸਨ-ਕਮ-ਮੈਨੇਜਿੰਗ ਡਾਇਰੈਕਟਰ ਇੰਡੀਅਨ ਟੂਰਜ਼ਿਮ ਡਵੈਲਪਮੈਂਟ ਕਾਰਪੋਰੇਸ਼ਨ ਤੇ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤਰਨਤਾਰਨ ਵਿਖੇ ਵਿਸ਼ੇਸ਼ ਮੀਟਿੰਗ ਕੀਤੀ। ਮੀਟਿੰਗ ਦੌਰਾਨ ਤਿੰਨਾਂ ਜ਼ਿਲ੍ਹਿਆਂ ਤੋਂ ਵੱਖ-ਵੱਖ ਵਪਾਰਿਕ ਐਸੋਸੀਏਸ਼ਨਾਂ ਦੇ ਨੁਮਾਇੰਦੇ, ਵਪਾਰੀ, ਉਦਯੋਗਪਤੀ, ਬਾਰ ਐਸੋਸੀਏਸ਼ਨ ਦੇ ਮੈਂਬਰ ਤੇ ਕਰ ਆਬਕਾਰੀ ਵਿਭਾਗ ਦੇ ਅਧਿਰਕਾਰੀ ਵੀ ਹਾਜ਼ਰ ਸਨ।



ਮੀਟਿੰਗ ਦੌਰਾਨ ਸ੍ਰੀਮਤੀ ਰਵਨੀਤ ਕੌਰ ਨੇ ਕਿਹਾ ਜੀ. ਐਸ. ਟੀ. ਆਜ਼ਾਦੀ ਤੋਂ ਬਾਅਦ ਭਾਰਤ ਵਿੱਚ ਹੋਣ ਵਾਲਾ ਸਭ ਤੋਂ ਵੱਡਾ ਬਦਲਾਅ ਹੈ ਤੇ ਇਸ ਨੂੰ ਕਾਮਯਾਬ ਕਰਨ ਲਈ ਸਾਨੂੰ ਸਾਰਿਆਂ ਨੂੰ ਆਪਣਾ ਸਹਿਯੋਗ ਦੇਣਾ ਚਾਹੀਦਾ ਹੈ। ਜੀ. ਐਸ .ਟੀ. ਢਾਂਚੇ ਨੂੰ ਸਭ ਤੋਂ ਸਰਲ ਵਿਵਸਥਾ ਆਖਦਿਆਂ ਉਨ੍ਹਾਂ ਕਿਹਾ ਕਿ ਉਦਯੋਗਪਤੀਆਂ ਤੇ ਵਪਾਰੀਆਂ ਨੂੰ ਇਸ ਨਵੇਂ ਕਰ

ਢਾਂਚੇ ਤੋਂ ਘਬਰਾਉਣ ਦੀ ਜਰੂਰਤ ਨਹੀਂ ਕਿਉਕਿ ਜੀ. ਐਸ. ਟੀ. ਦੇ ਅਮਲ ਵਿਚ ਆਉਣ ਨਾਲ ਦੇਸ਼ ਦੀ ਆਰਥਿਕਤਾ ਨੂੰ ਹੋਰ ਮਜ਼ਬੂਤੀ ਮਿਲੇਗੀ।

ਉਨ੍ਹਾਂ ਕਿਹਾ ਕਿ ਜੀ. ਐਸ. ਟੀ. ਵਿਵਸਥਾ ਨਾਲ ਬਹੁ-ਕਰ ਪ੍ਰਣਾਲੀ ਦਾ ਖ਼ਾਤਮਾ ਹੋਣ ਸਦਕਾ ਜਿਥੇ ਵਪਾਰੀਆਂ ਤੇ ਉਦਯੋਗਪਤੀਆਂ ਨੂੰ ਵੱਡੀ ਰਾਹਤ ਮਿਲੇਗੀ, ਉਥੇ ਦੇਸ਼ ਦੀ ਆਰਥਿਕਤਾ ਨੂੰ ਮਜਬੂਤੀ ਮਿਲਣ ਦੇ ਨਾਲ ਨਾਕਿਆਂ ਤੋਂ ਵੀ ਨਿਜਾਤ ਮਿਲੇਗੀ। ਉਨ੍ਹਾਂ ਕਿਹਾ ਕਿ ਸੂਚਨਾ ਤੇ ਤਕਨਾਲੋਜੀ 'ਤੇ ਅਧਾਰਿਤ ਜੀ.ਐਸ.ਟੀ.ਵਿਵਸਥਾ ਤਹਿਤ ਵਪਾਰੀ ਅਤੇ ਉਦਯੋਗਪਤੀ ਕਰਾਂ ਦੀ ਆਨ ਲਾਈਨ ਅਦਾਇਗੀ ਕਰ ਸਕਣਗੇ।

ਮੀਟਿੰਗ ਦੌਰਾਨ ਉਨ੍ਹਾਂ ਵਪਾਰੀਆਂ ਵੱਲੋਂ ਆਨਲਾਈਨ ਨੈੱਟਵਰਕ ਦੀ ਸਮੱਸਿਆ, ਤਕਨੀਕੀ ਖ਼ਰਾਬੀ, ਤਿਮਾਹੀ ਰਿਟਰਨ ਭਰਨ, ਰਿਫੰਡਸ ਤੇ ਕੰਪੋਜੀਸ਼ਨ ਸਕੀਮ ਤਹਿਤ ਰਜਿਸਟ੍ਰੇਸ਼ਨ ਆਦਿ ਕਰਵਾਉਣ ਸਬੰਧੀ ਆ ਰਹੀ ਮੁਸ਼ਕਿਲਾਂ ਨੂੰ ਬੜੇ ਧਿਆਨ ਨਾਲ ਸੁਣਿਆ ਤੇ ਭਰੋਸਾ ਦਿੱਤਾ ਕਿ ਇਨ੍ਹਾਂ ਮੁਸ਼ਕਿਲਾਂ ਸਬੰਧੀ ਗੰਭੀਰਤਾ ਨਾਲ ਵਿਚਾਰ ਕੀਤਾ ਜਾਵੇਗਾ।

ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਕਿਹਾ ਕਿ ਕਰ ਤੇ ਆਬਕਾਰੀ ਵਿਭਾਗ ਵਲੋਂ ਲਗਾਤਾਰ ਜਾਗਰੂਕਤਾ ਮੁਹਿੰਮ ਚਲਾ ਕੇ ਵਪਾਰੀਆਂ ਨੂੰ ਜੀ. ਐਸ. ਟੀ. ਸਬੰਧੀ ਜਾਣੂ ਕਰਵਾਇਆ ਜਾ ਰਿਹਾ ਹੈ ਅਤੇ ਉਨਾਂ ਦੀਆਂ ਸ਼ੰਕਾਵਾਂ ਨੂੰ ਨਾਲੋ ਨਾਲ ਦੂਰ ਵੀ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਵਪਾਰੀ ਜੀ. ਐਸ. ਟੀ. ਸਬੰਧੀ ਆ ਰਹੀਆਂ ਸਮੱਸਿਆ ਸਬੰਧੀ ਕਰ ਤੇ ਆਬਕਾਰੀ ਵਿਭਾਗ ਨਾਲ ਸੰਪਰਕ ਕਰਨ ਤਾਂ ਜੋ ਉਨ੍ਹਾਂ ਦੀਆਂ ਸਮੱਸਿਆਵਾਂ ਸਮੇਂ ਸਿਰ ਹੱਲ ਹੋ ਸਕਣ।

ਇਸ ਮੌਕੇ ਐਸ.ਡੀ.ਐਮ. ਖਡੂਰ ਸਾਹਿਬ ਡਾ. ਪਲਵੀ, ਜ਼ਿਲ੍ਹਾ ਮਾਲ ਅਫ਼ਸਰ ਸ੍ਰ. ਅਰਵਿੰਦਰਪਾਲ ਸਿੰਘ,  ਡਿਪਟੀ ਆਬਕਾਰੀ ਤੇ ਕਰ ਕਮਿਸ਼ਨਰ ਸ੍ਰੀ ਹਰਿੰਦਰਪਾਲ ਸਿੰਘ,  ਈ.ਟੀ.ਓ. ਕੁਲਬੀਰ ਸਿੰਘ, ਅਸਿਸਟੈਂਟ ਕਮਿਸ਼ਨਰ ਰਾਜੇਸ਼ ਕੁਮਾਰ ਮੀਣਾ ਨੋਡਲ ਅਫ਼ਸਰ, ਸ੍ਰੀ ਬਾਬੂ ਲਾਲ ਮੀਣਾ, ਸਹਾਇਕ ਕਮਿਸ਼ਨਰ ਕਰ ਤੇ ਆਬਕਾਰੀ ਵਿਭਾਗ ਸੁਖਚੈਨ ਸਿੰਘ ਤੋਂ ਇਲਾਵਾ ਤਿੰਨਾਂ ਜ਼ਿਲ੍ਹਿਆਂ ਦੇ ਕਰ ਤੇ ਆਬਕਾਰੀ ਵਿਭਾਗ ਦੇ ਅਧਿਕਾਰੀ ਵੀ ਹਾਜ਼ਰ ਸਨ।

------------------------